# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

**13:40**

**ਮਿਤੀ :10-08-2026**

*ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ*

- ਸੰਸਦ ਦੀਆਂ ਦੋਵੇਂ ਸਭਾਵਾਂ ਦੀ ਕਾਰਵਾਈ, NEET ਮੁੱਦੇ 'ਤੇ ਵਿਦਿਆਰਥੀਆਂ ਦੇ ਪ੍ਰਦਰਸ਼ਨ ਦੌਰਾਨ, ਕਥਿਤ ਪੁਲਿਸ ਕਾਰਵਾਈ ਸਮੇਤ ਵੱਖ-ਵੱਖ ਮੁੱਦਿਆਂ 'ਤੇ ਵਿਰੋਧੀ ਧਿਰ ਦੇ ਹੰਗਾਮੇ ਕਾਰਨ, ਦੁਪਹਿਰ ਬਾਅਦ 2 ਵਜੇ ਤੱਕ ਲਈ ਮੁਲਤਵੀ ਕਰ ਦਿੱਤੀ ਗਈ ਏ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਾਗਰਿਕਾਂ ਨੂੰ ''ਹਰ ਘਰ ਤਿਰੰਗਾ'' ਮੁਹਿੰਮ ਵਿੱਚ ਉਤਸ਼ਾਹ ਨਾਲ ਹਿੱਸਾ ਲੈਣ ਅਤੇ ਵਿਕਸਿਤ ਭਾਰਤ ਦੇ ਨਿਰਮਾਣ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ ਏ।

- ਝਾਰਖੰਡ ਵਿੱਚ, ਭਰਤੀ ਪ੍ਰੀਖਿਆਵਾਂ ਵਿੱਚ ਕਥਿਤ ਬੇਨਿਯਮੀਆਂ ਖਿਲਾਫ ਰੋਸ ਪ੍ਰਗਟ ਕਰਦਿਆਂ, ਵੱਡੀ ਗਿਣਤੀ 'ਚ ਵਿਦਿਆਰਥੀਆਂ ਨੇ ਅੱਜ ਵਿਧਾਨ ਸਭਾ ਵੱਲ ਮਾਰਚ ਕੀਤਾ।

- ਸਰਕਾਰੀ ਖਰੀਦ ਪਲੇਟਫਾਰਮ, GeM 'ਤੇ ਕੁੱਲ ਕਾਰੋਬਾਰ ਵੱਧ ਕੇ, ਇੱਕ ਲੱਖ 55 ਹਜ਼ਾਰ ਕਰੋੜ ਰੁਪਏ ਤੋਂ ਵੱਧ ਹੋ ਗਿਆ ਏ।

- ਅੱਜ ਵਿਸ਼ਵ ਸ਼ੇਰ ਦਿਵਸ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਰਕਾਰ, ਭਾਈਚਾਰਕ ਭਾਗੀਦਾਰੀ ਰਾਹੀਂ ਜੰਗਲੀ ਜੀਵਾਂ ਦੀ ਸੰਭਾਲ ਲਈ ਵਚਨਬੱਧ ਏ।

## *ਹੁਣ ਖਬਰਾਂ ਵਿਸਥਾਰ ਨਾਲ*

ਸੰਸਦ ਦੀਆਂ ਦੋਵੇਂ ਸਭਾਵਾਂ ਦੀ ਕਾਰਵਾਈ, NEET ਮੁੱਦੇ 'ਤੇ ਵਿਦਿਆਰਥੀਆਂ ਦੇ ਪ੍ਰਦਰਸ਼ਨ ਦੌਰਾਨ, ਕਥਿਤ ਪੁਲਿਸ ਕਾਰਵਾਈ ਸਮੇਤ ਵੱਖ-ਵੱਖ ਮੁੱਦਿਆਂ 'ਤੇ ਵਿਰੋਧੀ ਧਿਰ ਦੇ ਹੰਗਾਮੇ ਕਾਰਨ, ਦੁਪਹਿਰ ਬਾਅਦ 2 ਵਜੇ ਤੱਕ ਲਈ ਮੁਲਤਵੀ ਕਰ ਦਿੱਤੀ ਗਈ ਏ।

ਰਾਜ ਸਭਾ ਦੀ ਕਾਰਵਾਈ, ਜਦੋਂ ਦੁਪਹਿਰ 12 ਵਜੇ ਪਹਿਲੀ ਵਾਰ ਮੁਲਤਵੀ ਹੋਣ ਤੋਂ ਬਾਅਦ, ਮੁੜ ਸ਼ੁਰੂ ਹੋਈ, ਤਾਂ ਸਭਾਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ 'ਪ੍ਰਸ਼ਨ ਕਾਲ' ਸ਼ੁਰੂ ਕੀਤਾ।

ਬਿਜਲੀ ਮੰਤਰੀ ਮਨੋਹਰ ਲਾਲ ਨੇ ਕਿਹਾ ਕਿ ਰਾਸ਼ਟਰੀ ਬਿਜਲੀ ਨੀਤੀ, 2026 ਦਾ ਖਰੜਾ ਸਬੰਧਤ ਹਿੱਸੇਦਾਰਾਂ ਨਾਲ ਸਲਾਹ-ਮਸ਼ਵਰਾ ਪੂਰਾ ਹੋਣ ਤੋਂ ਬਾਅਦ ਅੰਤਿਮ ਰੂਪ ਦੇਣ ਦੇ ਪੜਾਅ 'ਤੇ ਏ। ਇੱਕ ਪੂਰਕ ਸਵਾਲ ਦੇ

ਜਵਾਬ ਵਿੱਚ, ਸ੍ਰੀ ਮਨੋਹਰ ਲਾਲ ਨੇ ਕਿਹਾ ਕਿ ਇਹ ਨੀਤੀ, ਇੱਕ ਸਮਾਰਟ ਬਿਜਲੀ ਵੰਡ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਤਿਆਰ ਕੀਤੀ ਗਈ ਏ।

ਵਿਰੋਧੀ ਧਿਰ ਦੇ ਹੰਗਾਮੇ ਦੌਰਾਨ, ਸ੍ਰੀ ਲਾਲ ਨੇ ਜ਼ਿਮਨੀ ਸਵਾਲਾਂ ਦੇ ਜਵਾਬ ਦਿੱਤੇ। ਹੰਗਾਮਾ ਜਾਰੀ ਰਹਿਣ ਕਾਰਨ ਸਦਨ ਨੂੰ ਦੁਪਹਿਰ 2 ਵਜੇ ਤੱਕ ਲਈ ਮੁਲਤਵੀ ਕਰ ਦਿੱਤਾ ਗਿਆ।

ਇਸ ਤੋਂ ਪਹਿਲਾਂ, ਜਦੋਂ ਸਭਾ ਦੀ ਕਾਰਵਾਈ ਸਵੇਰੇ 11 ਵਜੇ ਸ਼ੁਰੂ ਹੋਈ, ਤਾਂ ਬੀਜੇਪੀ ਦੇ ਤਰੁਣ ਚੁੱਘ ਨੇ ਪੰਜਾਬ ਵਿੱਚ ਵਿਗੜਦੀ ਕਾਨੂੰਨ-ਵਿਵਸਥਾ ਦੀ ਹਾਲਤ ਅਤੇ ਨਸ਼ਿਆਂ ਦੀ ਵੱਧ ਰਹੀ ਸਮੱਸਿਆ ਦਾ ਮੁੱਦਾ ਉਠਾਇਆ। ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨ, ਲਗਾਤਾਰ ਨਸ਼ਿਆਂ ਦੀ ਲਤ ਦਾ ਸ਼ਿਕਾਰ ਹੋ ਰਹੇ ਨੇ, ਜਿਸ ਕਾਰਨ ਸੂਬੇ ਭਰ ਵਿੱਚ ਅਪਰਾਧਿਕ ਗਤੀਵਿਧੀਆਂ ਵਿੱਚ ਵੀ ਲਗਾਤਾਰ ਵਾਧਾ ਹੋਇਆ ਏ।

---------------------------------------------------------------------------

ਲੋਕ ਸਭਾ ਵਿਚ ਵੀ ਵਿਰੋਧੀ ਧਿਰ ਦਾ ਹੰਗਾਮਾ ਜਾਰੀ ਰਿਹਾ। ਲੋਕ ਸਭ ਦੀ ਕਾਰਵਾਈ ਜਦੋਂ ਦੁਪਹਿਰ 12 ਵਜੇ ਪਹਿਲੀ ਵਾਰ ਮੁਲਤਵੀ ਹੋਣ ਤੋਂ ਬਾਅਦ ਮੁੜ ਸ਼ੁਰੂ ਹੋਈ ਤਾਂ 'ਟ੍ਰਿਬਿਊਨਲ ਸੁਧਾਰ ਬਿੱਲ, 2026', 'ਖਾਣਾਂ ਅਤੇ ਖਣਿਜ (ਵਿਕਾਸ ਅਤੇ ਨਿਯਮ) ਸੋਧ ਬਿੱਲ, 2026', ਕੇਰਲਾ ਦਾ ਨਾਂ ਬਦਲਣ ਬਾਰੇ (ਸੋਧ) ਬਿੱਲ, 2026 ਅਤੇ ਰਾਸ਼ਟਰੀ ਸਹਿਕਾਰੀ ਵਿਕਾਸ ਨਿਗਮ (ਸੋਧ) ਬਿੱਲ, 2026 ਪੇਸ਼ ਕੀਤਾ ਗਿਆ।

ਇਸ ਤੋਂ ਬਾਅਦ, ਸਭਾਪਤੀ, ਸੰਧਿਆ ਰਾਏ ਨੇ ਵਿਰੋਧੀ ਧਿਰ ਦੇ ਹੰਗਾਮੇ ਕਾਰਨ, ਸਭਾ ਦੀ ਕਾਰਵਾਈ ਦੁਪਹਿਰ ਬਾਅਦ 2 ਵਜੇ ਤੱਕ ਲਈ ਮੁਲਤਵੀ ਕਰ ਦਿੱਤੀ।

------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਾਗਰਿਕਾਂ ਨੂੰ ਹਰ ਘਰ ਤਿਰੰਗਾ ਮੁਹਿੰਮ ਵਿੱਚ ਉਤਸ਼ਾਹ ਨਾਲ ਹਿੱਸਾ ਲੈਣ ਅਤੇ ਇੱਕ ਵਿਕਸਤ ਭਾਰਤ ਦੇ ਨਿਰਮਾਣ ਵਿੱਚ ਯੋਗਦਾਨ ਪਾਉਣ ਲਈ ਆਪਣੇ ਸਮੂਹਿਕ ਸੰਕਲਪ ਨੂੰ ਨਵਿਆਉਣ ਦੀ ਅਪੀਲ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਤਿਰੰਗਾ ਸਾਡਾ ਮਾਣ ਹੈ ਅਤੇ ਦੇਸ਼ ਲਈ ਆਪਣਾ

ਸਰਬੋਤਮ ਯੋਗਦਾਨ ਪਾਉਣ ਲਈ ਪ੍ਰੇਰਨਾ ਦਾ ਇੱਕ ਨਿਰੰਤਰ ਸਰੋਤ ਹੈ। ਪ੍ਰਧਾਨ ਮੰਤਰੀ ਨੇ ਖੁਸ਼ੀ ਪ੍ਰਗਟ ਕੀਤੀ ਕਿ ਇਸ ਸਾਲ ਦੀ ਮੁਹਿੰਮ ਵੰਦੇ ਮਾਤਰਮ ਨੂੰ ਸਮਰਪਿਤ ਏ, ਖਾਸ ਕਰਕੇ ਜਦੋਂ ਅਸੀਂ ਇਸਦੀ 150ਵੀਂ ਵਰ੍ਹੇਗੰਢ ਮਨਾ ਰਹੇ ਹਾਂ। ਸੱਭਿਆਚਾਰ ਮੰਤਰਾਲੇ ਨੇ ਕਿਹਾ ਕਿ ਇਸ ਸਾਲ ਦੀ ''ਹਰ ਘਰ ਤਿਰੰਗਾ'' ਮੁਹਿੰਮ ਤਿਰੰਗਾ ਯਾਤਰਾਵਾਂ, ਤਿਰੰਗਾ ਰੈਲੀਆਂ,

ਤਿਰੰਗਾ ਸੰਗੀਤ ਸਮਾਰੋਹਾਂ ਅਤੇ ਵੰਦੇ ਮਾਤਰਮ ਦੇ ਸਮੂਹਿਕ ਗਾਇਨ ਰਾਹੀਂ ਦੇਸ਼ ਭਗਤੀ ਦੀ ਭਾਵਨਾ ਨੂੰ ਦੇਸ਼ ਭਰ ਦੀਆਂ ਗਲੀਆਂ ਅਤੇ ਘਰਾਂ ਤਕ ਪਹੁੰਚਾਉਣ ਦੀ ਕੋਸ਼ਿਸ਼ ਕਰੇਗਾ। ਮੰਤਰਾਲੇ ਨੇ ਕਿਹਾ ਕਿ ਵੰਦੇ ਮਾਤਰਮ ਦੀ 150ਵੀਂ ਵਰ੍ਹੇਗੰਢ ਨਾਗਰਿਕਾਂ ਨੂੰ ਸੁਤੰਤਰਤਾ ਦਿਵਸ ਦੇ ਜਸ਼ਨਾਂ ਦੇ ਹਿੱਸੇ ਵਜੋਂ ਰਾਸ਼ਟਰੀ ਗੀਤ ਦਾ ਉਤਸ਼ਾਹ ਮਨਾਉਣ ਦਾ ਮੌਕਾ ਪ੍ਰਦਾਨ ਕਰੇਗੀ।

ਇਸ ਸਾਲ ਦੇ ਜਸ਼ਨਾਂ ਦਾ ਇੱਕ ਮੁੱਖ ਆਕਰਸ਼ਣ ਸੂਰਿਆਪਥ ਤਿਰੰਗਾ ਹੋਵੇਗਾ | ਇਸਦਾ ਉਦੇਸ਼ ਦੁਨੀਆ ਭਰ ਵਿੱਚ ਰਹਿੰਦੇ ਪ੍ਰਵਾਸੀ ਭਾਰਤੀਆਂ ਨੂੰ ਤਿਰੰਗੇ ਦੇ ਵਿਸ਼ਵਵਿਆਪੀ ਉਤਸ਼ਾਹ ਵਿੱਚ ਇੱਕਜੁੱਟ ਕਰਨਾ ਏ। ਮੰਤਰਾਲੇ ਨੇ ਨਾਗਰਿਕਾਂ ਨੂੰ ਅਪੀਲ ਕੀਤੀ ਏ ਕਿ, ਉਹ ਆਪਣੇ ਘਰਾਂ ਵਿੱਚ ਰਾਸ਼ਟਰੀ ਝੰਡਾ ਲਹਿਰਾਉਣ ਅਤੇ ਹਰ ਘਰ ਤਿਰੰਗਾ ਵੈੱਬਸਾਈਟ 'ਤੇ ਆਪਣੀਆਂ ਸੈਲਫੀਆਂ ਅਪਲੋਡ ਕਰਨ।

---------------------------------------------------------------------------------

ਝਾਰਖੰਡ ਵਿੱਚ, ਭਰਤੀ ਪ੍ਰੀਖਿਆਵਾਂ ਵਿੱਚ ਕਥਿਤ ਬੇਨਿਯਮੀਆਂ ਵਿਰੁੱਧ ਵਿਦਿਆਰਥੀਆਂ ਦਾ ਅੰਦੋਲਨ ਅੱਜ 17ਵੇਂ ਦਿਨ ਵੀ ਜਾਰੀ ਏ। ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਜੈਪਾਲ ਸਿੰਘ ਮੁੰਡਾ ਸਟੇਡੀਅਮ ਤੋਂ, ਵਿਧਾਨ ਸਭਾ ਵੱਲ ਮਾਰਚ ਕੀਤਾ।

ਪ੍ਰਦਰਸ਼ਨਕਾਰੀ ਕੁਝ ਪ੍ਰੀਖਿਆਵਾਂ, ਖਾਸ ਕਰਕੇ JSSC-CGL ਪ੍ਰੀਖਿਆ ਰੱਦ ਕਰਨ ਅਤੇ ਕਥਿਤ ਬੇਨਿਯਮੀਆਂ ਦੀ CBI ਜਾਂਚ ਦੀ ਮੰਗ ਕਰ ਰਹੇ ਨੇ। ਰਾਜ ਦਾ ਦਾਅਵਾ ਏ ਕਿ ਵਿਦਿਆਰਥੀਆਂ ਦੀਆਂ 98 ਫ਼ੀਸਦੀ ਮੰਗਾਂ ਪੂਰੀਆਂ ਕਰ ਦਿੱਤੀਆਂ ਗਈਆਂ ਨੇ। ਮਾਰਚ ਦੌਰਾਨ, ਪ੍ਰਦਰਸ਼ਨਕਾਰੀਆਂ ਨੇ ਪੁਰਾਣੀ ਵਿਧਾਨ ਸਭਾ ਨੇੜੇ ਪੁਲਿਸ ਬੈਰੀਕੇਡ ਤੋੜ ਦਿੱਤੇ ਅਤੇ ਨਵੀਂ ਵਿਧਾਨ ਸਭਾ ਵੱਲ ਵਧਦੇ ਰਹੇ। ਹਾਲਤ ਨਾਲ ਨਿਪਟਣ ਲਈ, ਰਾਂਚੀ ਵਿੱਚ ਭਾਰੀ ਪੁਲਿਸ ਤਾਇਨਾਤੀ ਕੀਤੀ ਗਈ ਏ। ਭੁੱਖ ਹੜਤਾਲ ਰੱਖਣ ਕਰ ਰਹੇ ਵਿਦਿਆਰਥੀ ਨੇਤਾ, ਦੇਵੇਂਦਰ ਨਾਥ ਮਹਾਤੋ ਨੂੰ, ਐਂਬੂਲੈਂਸ ਵਿੱਚ ਵਿਧਾਨ

ਸਭਾ ਲਿਆਂਦਾ ਗਿਆ, ਜਿੱਥੇ ਉਨ੍ਹਾਂ ਨੇ ਸਮਰਥਕਾਂ ਨਾਲ ਸਟਰੈਚਰ 'ਤੇ ਮਾਰਚ ਵਿੱਚ ਹਿੱਸਾ ਲਿਆ। ਇਸ ਦੌਰਾਨ, ਮੁੱਖ ਮੰਤਰੀ ਹੇਮੰਤ ਸੋਰੇਨ ਦੇ ਨਿਵਾਸ ਸਥਾਨ ਦੇ ਬਾਹਰ ਪ੍ਰਦਰਸ਼ਨ ਕਰ ਰਹੇ ਵਿਰੋਧੀ ਧਿਰ ਦੇ ਨੇਤਾ ਬਾਬੂਲਾਲ ਮਰਾਂਡੀ ਅਤੇ ਬੀਜੇਪੀ ਦੇ ਸੂਬਾ ਪ੍ਰਧਾਨ, ਆਦਿੱਤਿਆ ਸਾਹੂ ਸਮੇਤ ਕਈ ਨੇਤਾਵਾਂ ਨੂੰ, ਹਿਰਾਸਤ ਵਿੱਚ ਲੈ ਲਿਆ ਗਿਆ।

---------------------------------------------------------------------------

ਸਰਕਾਰੀ ਖਰੀਦ ਪਲੇਟਫਾਰਮ, Government e-Marketplace (GeM) 'ਤੇ ਕੁੱਲ ਕਾਰੋਬਾਰ, ਪਿਛਲੇ ਦਹਾਕੇ ਵਿੱਚ 422 ਕਰੋੜ ਰੁਪਏ ਤੋਂ ਵੱਧ ਕੇ, ਇੱਕ ਲੱਖ 55 ਹਜ਼ਾਰ ਕਰੋੜ ਰੁਪਏ ਤੋਂ ਵੱਧ ਹੋ ਗਿਆ ਏ। ਕੇਂਦਰੀ ਵਣਜ ਅਤੇ ਉਦਯੋਗ ਮੰਤਰੀ ਪੀਯੂਸ਼ ਗੋਇਲ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਇਹ ਜਾਣਕਾਰੀ ਸਾਂਝੀ ਕੀਤੀ ਏ। ਉਨ੍ਹਾਂ ਕਿਹਾ ਕਿ GeM ਪੋਰਟਲ 'ਤੇ 12 ਲੱਖ ਤੋਂ ਵੱਧ ਸੂਖਮ ਅਤੇ ਛੋਟੇ ਉੱਦਮ ਰਜਿਸਟਰਡ ਨੇ, ਜਿਨ੍ਹਾਂ ਵਿਚੋਂ, ਦੋ ਲੱਖ ਤੋਂ ਵੱਧ ਦੀ ਅਗਵਾਈ ਔਰਤਾਂ ਕਰ ਰਹੀਆਂ ਨੇ। ਪੋਰਟਲ 'ਤੇ 42 ਹਜ਼ਾਰ ਤੋਂ ਵੱਧ ਸਟਾਰਟਅੱਪ ਵੀ ਰਜਿਸਟਰਡ ਨੇ। ਸ੍ਰੀ ਗੋਇਲ ਨੇ ਕਿਹਾ ਕਿ ਇਹ ਅੰਕੜੇ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਜ਼ਮੀਨੀ ਪੱਧਰ 'ਤੇ ਸਸ਼ਕਤੀਕਰਨ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੇ ਨੇ। ਉਨ੍ਹਾਂ ਕਿਹਾ ਕਿ GeM ਪੋਰਟਲ ਨਾਲ ਮੁਕਾਬਲੇਬਾਜ਼ੀ ਵਧੀ ਏ, ਕੀਮਤ ਨਿਰਧਾਰਨ ਵਿੱਚ ਸੁਧਾਰ ਹੋਇਆ ਏ ਅਤੇ ਖਰੀਦ ਸਮਾਂ ਘਟੀਆ ਏ, ਜਿਸਦੇ ਨਤੀਜੇ ਵਜੋਂ ਪਿਛਲੇ 10 ਸਾਲਾਂ ਵਿੱਚ, ਸਰਕਾਰ ਲਈ ਮਹੱਤਵਪੂਰਨ ਬੱਚਤ ਹੋਈ ਏ। ਉਨ੍ਹਾਂ ਅੱਗੇ ਕਿਹਾ

ਕਿ GeM ਨੇ ਡਿਜੀਟਲ ਖਰੀਦ ਰਾਹੀਂ ਜਵਾਬਦੇਹੀ ਨੂੰ ਵੀ ਮਜ਼ਬੂਤ ਕੀਤਾ ਏ।

------------------------------------------------------------------------------------

ਕੱਪੜਾ ਮੰਤਰਾਲੇ ਦੇ ਸਕੱਤਰ ਨੀਲਮ ਸ਼ਮੀ ਰਾਓ ਨੇ ਕਿਹਾ ਏ ਕਿ ਭਾਰਤੀ ਬੁਣਕਰਾਂ ਅਤੇ ਕਾਰੀਗਰਾਂ ਨੂੰ ਆਪਣੀ ਆਮਦਨ ਵਧਾਉਣ ਲਈ, ਬਦਲਦੇ ਬਾਜ਼ਾਰ ਦਾ ਲਾਭ ਉਠਾਉਣਾ ਚਾਹੀਦਾ ਏ। ਉਨ੍ਹਾਂ ਇਹ ਬਿਆਨ ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰੀ ਹੱਥਖੱਡੀ ਡਿਜ਼ਾਈਨਰ ਕਾਨਫਰੰਸ ਦੇ ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕਰਦਿਆਂ ਦਿੱਤਾ। ਉਨ੍ਹਾਂ ਕਿਹਾ ਕਿ ਡਿਜ਼ਾਈਨ ਹੱਥਖੱਡੀ ਖੇਤਰ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਏ ਅਤੇ ਭਾਰਤੀ ਬੁਣਕਰ ਆਪਣੇ ਉਤਪਾਦਾਂ ਦੇ ਡਿਜ਼ਾਈਨ ਵਿੱਚ ਸੁਧਾਰ ਕਰਕੇ ਵਿਕਰੀ ਵਧਾ ਸਕਦੇ ਨੇ। ਕੱਪੜਾ ਸਕੱਤਰ ਨੇ ਦੇਸ਼ ਭਰ ਵਿੱਚ ਬੁਣਕਰਾਂ ਅਤੇ ਡਿਜ਼ਾਈਨਰਾਂ ਵੱਲੋਂ ਹੱਥਖੱਡੀ ਖੇਤਰ ਵਿੱਚ ਕੀਤੇ ਜਾ ਰਹੇ ਸ਼ਾਨਦਾਰ ਕੰਮ ਦੀ ਸ਼ਲਾਘਾ ਕੀਤੀ।

------------------------------------------------------------------------------------

ਜਲ ਸੈਨਾ ਮੁਖੀ, ਐਡਮਿਰਲ ਕ੍ਰਿਸ਼ਨਾ ਸਵਾਮੀਨਾਥਨ ਅੱਜ ਤੋਂ ਚਾਰ ਦਿਨਾਂ ਦੇ ਸਰਕਾਰੀ ਦੌਰੇ 'ਤੇ ਮਾਰੀਸ਼ਸ ਜਾ ਰਹੇ ਨੇ। ਰੱਖਿਆ ਮੰਤਰਾਲੇ ਨੇ ਕਿਹਾ ਕਿ ਇਹ ਦੌਰਾ, ਮਾਰੀਸ਼ਸ ਨਾਲ ਦੁਵੱਲੇ ਸਮੁੰਦਰੀ ਸਹਿਯੋਗ ਅਤੇ ਰੱਖਿਆ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਭਾਰਤ ਦੇ ਨਿਰੰਤਰ ਯਤਨਾਂ ਦਾ ਹਿੱਸਾ ਏ। ਦੌਰੇ ਦੌਰਾਨ, ਉਹ ਮਾਰੀਸ਼ਸ ਸਰਕਾਰ ਦੀ ਉੱਚ ਲੀਡਰਸ਼ਿਪ ਨਾਲ ਗੱਲਬਾਤ ਕਰਨਗੇ ਅਤੇ ਸਮੁੰਦਰੀ ਸੁਰੱਖਿਆ, ਰੱਖਿਆ ਸਹਿਯੋਗ,

ਸਮਰੱਥਾ ਨਿਰਮਾਣ ਅਤੇ ਫੌਜੀ ਸਹਿਯੋਗ ਵਰਗੇ ਆਪਸੀ ਹਿੱਤ ਦੇ ਮਾਮਲਿਆਂ 'ਤੇ ਚਰਚਾ ਕਰਨਗੇ।

---------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵਿਸ਼ਵ ਸ਼ੇਰ ਦਿਵਸ 'ਤੇ ਕਿਹਾ ਏ ਕਿ, ਭਾਰਤ ਵਿੱਚ ਏਸ਼ੀਆਈ ਸ਼ੇਰਾਂ ਦੀ ਆਬਾਦੀ ਵੱਧ ਰਹੀ ਏ ਅਤੇ ਉਨ੍ਹਾਂ ਦੇ ਨਿਵਾਸ ਸਥਾਨ ਦਾ ਵਿਸਥਾਰ ਹੋ ਰਿਹਾ ਏ। ਕੇਂਦਰੀ ਮੰਤਰੀ ਭੂਪੇਂਦਰ ਯਾਦਵ ਦੇ ਇੱਕ ਲੇਖ ਨੂੰ ਸਾਂਝਾ ਕਰਦਿਆਂ, ਸ੍ਰੀ ਮੋਦੀ ਨੇ ਕਿਹਾ ਕਿ ਭਾਈਚਾਰਕ ਭਾਗੀਦਾਰੀ ਰਾਹੀਂ, ਜੰਗਲੀ ਜੀਵਾਂ ਦੀ ਸੰਭਾਲ ਪ੍ਰਤੀ ਸਰਕਾਰ ਦੀ ਵਚਨਬੱਧਤਾ ਪੀੜ੍ਹੀਆਂ ਤੱਕ ਵਿਲੱਖਣ ਪ੍ਰਜਾਤੀਆਂ ਨੂੰ ਸੁਰੱਖਿਅਤ ਰੱਖਣ ਦੀ ਇੱਕ ਪ੍ਰੇਰਨਾਦਾਇਕ ਮਿਸਾਲ ਏ। ਚੌਗਿਰਦਾ, ਜੰਗਲਾਤ ਅਤੇ ਜਲਵਾਯੂ ਤਬਦੀਲੀ ਮੰਤਰੀ, ਭੂਪੇਂਦਰ ਯਾਦਵ ਦੇ ਲੇਖ ਵਿੱਚ ਜ਼ਿਕਰ ਕੀਤਾ ਗਿਆ ਏ ਕਿ, ਸ਼ੇਰਾਂ ਦਾ ਨਿਵਾਸ ਸਥਾਨ 30 ਹਜ਼ਾਰ ਵਰਗ ਕਿਲੋਮੀਟਰ ਤੋਂ ਵਧ ਕੇ 35 ਹਜ਼ਾਰ ਵਰਗ ਕਿਲੋਮੀਟਰ ਹੋ ਗਿਆ ਏ। ਲੇਖ ਵਿੱਚ ਕਿਹਾ ਗਿਆ ਏ ਕਿ ਸ਼ੇਰਾਂ ਦੀ ਗਿਣਤੀ 2015 ਵਿੱਚ, 523 ਤੋਂ ਵਧ ਕੇ 2025 ਵਿੱਚ, 891 ਹੋ ਗਈ ਏ।

---------------------------------------------------------------------------

ਵਿਸ਼ਵ ਸ਼ੇਰ ਦਿਵਸ ਦੇ ਮੌਕੇ 'ਤੇ, ਕੇਂਦਰੀ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰੀ ਭੂਪੇਂਦਰ ਯਾਦਵ ਨੇ ਕਿਹਾ ਏ ਕਿ,

ਏਸ਼ੀਆਈ ਸ਼ੇਰਾਂ ਦੀ ਸੰਭਾਲ ਵਿੱਚ ਭਾਰਤ ਦੀ ਸਫਲਤਾ, ਸਰਕਾਰ ਦੀ ਜੰਗਲੀ ਜੀਵਾਂ ਅਤੇ ਜੈਵ ਭਿੰਨਤਾ ਪ੍ਰਤੀ ਅਟੁੱਟ ਵਚਨਬੱਧਤਾ ਦੀ ਮਿਸਾਲ ਏ। ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ, ਉਨ੍ਹਾਂ ਕਿਹਾ ਕਿ ਮਹੱਤਵਪੂਰਨ ਰੱਖਾ ਦੀ ਰੱਖਿਆ ਤੋਂ ਲੈ ਕੇ, ਸੰਭਾਲ ਦੇ ਯਤਨਾਂ ਨੂੰ ਮਜ਼ਬੂਤ ਕਰਨ ਤੱਕ, ਦੇਸ਼ ਨੇ ਸਾਬਤ ਕਰ ਦਿੱਤਾ ਏ ਕਿ, ਵਿਕਾਸ ਅਤੇ ਕੁਦਰਤ ਸੰਭਾਲ ਨਾਲੋਂ-ਨਾਲ ਚੱਲ ਸਕਦੇ ਨੇ।

---------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ 2026 ਦੀਆਂ ਰਾਸ਼ਟਰਮੰਡਲ ਖੇਡਾਂ ਦੌਰਾਨ, ਗਲਾਸਗੋ ਦੇ ਇੱਕ ਰੈਸਟੋਰੈਂਟ ਵਿੱਚ, ਭਾਰਤ ਦਾ ਗਲਤ ਨਕਸ਼ਾ ਦੇਖਣ ਤੋਂ ਬਾਅਦ, ਇਤਰਾਜ਼ ਉਠਾਉਣ ਲਈ ਮੁੱਕੇਬਾਜ਼ ਲਵਲੀਨਾ ਬੋਰਗੋਹੇਨ ਦੀ ਸ਼ਲਾਘਾ ਕੀਤੀ ਏ।

ਖਿਡਾਰੀਆਂ ਨਾਲ ਗੱਲਬਾਤ ਦੌਰਾਨ, ਪ੍ਰਧਾਨ ਮੰਤਰੀ ਨੇ ਲਵਲੀਨਾ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਹ ਇੱਕ ਸੋਚ-ਸਮਝ ਕੇ ਕੀਤੀ ਗਈ ਪ੍ਰਤੀਕਿਰਿਆ ਸੀ। ਪ੍ਰਧਾਨ ਮੰਤਰੀ ਨੇ ਕਿਹਾ ਕਿ, ਉਨ੍ਹਾਂ ਦੇ ਇਸ ਕਦਮ ਨੂੰ ਲੰਬੇ ਸਮੇਂ ਤੱਕ ਯਾਦ ਰੱਖਿਆ ਜਾਵੇਗਾ। ਲਵਲੀਨਾ ਬੋਰਗੋਹੇਨ ਨੇ ਗਲਾਸਗੋ ਰਾਸ਼ਟਰਮੰਡਲ ਖੇਡਾਂ 2026 ਵਿੱਚ, ਔਰਤਾਂ ਦੇ 75 ਕਿਲੋਗ੍ਰਾਮ ਮੁੱਕੇਬਾਜ਼ੀ ਮੁਕਾਬਲੇ ਵਿੱਚ ਚਾਂਦੀ ਦਾ ਤਮਗਾ ਜਿੱਤਿਆ ਸੀ।

---------------------------------------------------------------------------

ਮੌਸਮ ਵਿਭਾਗ ਨੇ ਅੱਜ ਪੂਰਬੀ ਰਾਜਸਥਾਨ, ਹਿਮਾਚਲ ਪ੍ਰਦੇਸ਼, ਉੱਤਰਾਖੰਡ ਅਤੇ ਪੱਛਮੀ ਮੱਧ ਪ੍ਰਦੇਸ਼ ਵਿੱਚ ਬਹੁਤ ਭਾਰੀ ਮੀਂਹ ਲਈ ORANGE ਅਲਰਟ ਜਾਰੀ ਕੀਤਾ ਏ। ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ, ਉੱਤਰ ਪ੍ਰਦੇਸ਼, ਬਿਹਾਰ, ਵਿਦਰਭ ਅਤੇ ਉੱਤਰ-ਪੂਰਬੀ ਭਾਰਤ ਦੇ ਕੁਝ ਹਿੱਸਿਆਂ ਵਿੱਚ ਵੀ ਭਾਰੀ ਮੀਂਹ ਪੈਣ ਦੀ ਸੰਭਾਵਨਾ ਏ। ਇਸ ਤੋਂ ਇਲਾਵਾ, ਮੌਸਮ ਵਿਭਾਗ ਨੇ ਅੱਜ ਦੁਪਹਿਰ ਬਾਅਦ ਦਿੱਲੀ ਵਿੱਚ ਵੱਖ-ਵੱਖ ਥਾਵਾਂ 'ਤੇ ਦਰਮਿਆਨੀ ਬਾਰਿਸ਼ ਪੈਣ ਦੀ ਪੇਸ਼ੀਨਗੋਈ ਕੀਤੀ ਏ।

---

ਹਿਮਾਚਲ ਪ੍ਰਦੇਸ਼ ਵਿੱਚ ਮਾਨਸੂਨ ਮੁੜ ਸਰਗਰਮ ਹੋ ਗਿਆ ਏ। ਰਾਜਧਾਨੀ ਸ਼ਿਮਲਾ ਸਮੇਤ ਰਾਜ ਦੇ ਕਈ ਹਿੱਸਿਆਂ ਵਿੱਚ ਬੀਤੀ ਰਾਤ ਤੋਂ ਰੁਕ-ਰੁਕ ਕੇ ਮੀਂਹ ਪੈ ਰਿਹਾ ਏ।

---

- ਸੰਸਦ ਦੀਆਂ ਦੋਵੇਂ ਸਭਾਵਾਂ ਦੀ ਕਾਰਵਾਈ, NEET ਮੁੱਦੇ 'ਤੇ ਵਿਦਿਆਰਥੀਆਂ ਦੇ ਪ੍ਰਦਰਸ਼ਨ ਦੌਰਾਨ, ਕਥਿਤ ਪੁਲਿਸ ਕਾਰਵਾਈ ਸਮੇਤ ਵੱਖ-ਵੱਖ ਮੁੱਦਿਆਂ 'ਤੇ ਵਿਰੋਧੀ ਧਿਰ ਦੇ ਹੰਗਾਮੇ ਕਾਰਨ, ਦੁਪਹਿਰ ਬਾਅਦ 2 ਵਜੇ ਤੱਕ ਲਈ ਮੁਲਤਵੀ ਕਰ ਦਿੱਤੀ ਗਈ ਏ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਾਗਰਿਕਾਂ ਨੂੰ ''ਹਰ ਘਰ ਤਿਰੰਗਾ'' ਮੁਹਿੰਮ ਵਿੱਚ ਉਤਸ਼ਾਹ ਨਾਲ ਹਿੱਸਾ ਲੈਣ ਅਤੇ ਵਿਕਸਿਤ ਭਾਰਤ ਦੇ ਨਿਰਮਾਣ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ ਏ।

- ਝਾਰਖੰਡ ਵਿੱਚ, ਭਰਤੀ ਪ੍ਰੀਖਿਆਵਾਂ ਵਿੱਚ ਕਥਿਤ ਬੇਨਿਯਮੀਆਂ ਖਿਲਾਫ ਰੋਸ ਪ੍ਰਗਟ ਕਰਦਿਆਂ, ਵੱਡੀ ਗਿਣਤੀ 'ਚ ਵਿਦਿਆਰਥੀਆਂ ਨੇ ਅੱਜ ਵਿਧਾਨ ਸਭਾ ਵੱਲ ਮਾਰਚ ਕੀਤਾ।

- ਸਰਕਾਰੀ ਖਰੀਦ ਪਲੇਟਫਾਰਮ, GeM 'ਤੇ ਕੁੱਲ ਕਾਰੋਬਾਰ ਵੱਧ ਕੇ, ਇੱਕ ਲੱਖ 55 ਹਜ਼ਾਰ ਕਰੋੜ ਰੁਪਏ ਤੋਂ ਵੱਧ ਹੋ ਗਿਆ ਏ।

- ਅੱਜ ਵਿਸ਼ਵ ਸ਼ੇਰ ਦਿਵਸ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਰਕਾਰ, ਭਾਈਚਾਰਕ ਭਾਗੀਦਾਰੀ ਰਾਹੀਂ ਜੰਗਲੀ ਜੀਵਾਂ ਦੀ ਸੰਭਾਲ ਲਈ ਵਚਨਬੱਧ ਏ।

---

**ਇਸ ਦੇ ਨਾਲ ਹੀ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ, ਸ਼ਾਮੀ 6 ਵਜ ਕੇ 20 ਮਿੰਟ 'ਤੇ ਹੋਏਗਾ। ਨਮਸਕਾਰ!**